# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਰੂਸ ਅਤੇ ਆਸਟ੍ਰੀਆ ਦੇ ਤਿੰਨ ਦਿਨਾਂ ਸਰਕਾਰੀ ਦੌਰੇ 'ਤੇ, ਅੱਜ ਸ਼ਾਮ ਮਾਸਕੋ ਪਹੁੰਚ ਗਏ ਨੇ, ਮਾਸਕੋ ਹਵਾਈ ਅੱਡੇ 'ਤੇ ਉਨ੍ਹਾਂ ਨੂੰ, 'ਗਾਰਡ ਆਫ ਆਨਰ' ਦਿੱਤਾ ਗਿਆ।
- ਨੀਤੀ ਆਯੋਗ ਦੇ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਮੋਗਾ ਤੇ ਅੰਮ੍ਰਿਤਸਰ ਜ਼ਿਲਿਆਂ ਵਿਚ ਸੰਪੂਰਨਤਾ ਅਭਿਆਨ ਸਮਾਗਮ ਕਰਵਾਏ ਗਏ।
- ਜਲੰਧਰ ਪੱਛਮੀ ਰਾਖਵੇਂ ਹਲਕੇ ਦੀ ਜ਼ਿਮਨੀ ਚੋਣ ਲਈ, ਭਖਵਾਂ ਖੁੱਲ੍ਹੇ ਆਮ ਚੋਣ ਪ੍ਰਚਾਰ ਅੱਜ ਸ਼ਾਮ ਬੰਦ ਹੋ ਗਿਆ ਏ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ, ਖਰੜ ਦੇ ਇੱਕ ਫਲੈਟ ਤੋਂ ਇੱਕ ਅੰਤਰ-ਰਾਜੀ ਸੰਗਠਿਤ ਅਪਰਾਧ ਸਿੰਡੀਕੇਟ ਦੇ ਸਰਗਨੇ ਨੂੰ, ਉਸਦੇ ਚਾਰ ਸਾਥੀਆਂ ਸਮੇਤ ਗ੍ਰਿਫਤਾਰ ਕੀਤਾ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਰੂਸ ਅਤੇ ਆਸਟ੍ਰੀਆ ਦੇ ਤਿੰਨ ਦਿਨਾਂ ਸਰਕਾਰੀ ਦੌਰੇ 'ਤੇ ਅੱਜ ਸ਼ਾਮ ਮਾਸਕੋ ਪਹੁੰਚ ਗਏ। ਮਾਸਕੋ ਹਵਾਈ ਅੱਡੇ 'ਤੇ ਉਨ੍ਹਾਂ ਨੂੰ ਗਾਰਡ ਆਫ ਆਨਰ ਦਿੱਤਾ ਗਿਆ। ਪ੍ਰਧਾਨ ਮੰਤਰੀ ਮੋਦੀ ਦਾ ਸਵਾਗਤ ਰੂਸ ਦੇ ਪਹਿਲੇ ਉਪ ਪ੍ਰਧਾਨ ਮੰਤਰੀ ਡੇਨਿਸ ਮੰਤੁਰੋਵ ਨੇ ਕੀਤਾ। ਭਾਰਤ ਅਤੇ ਰੂਸ ਵਿਚਾਲੇ ਭਲਕੇ 22ਵੇਂ ਸਾਲਾਨਾ ਸਿਖਰ ਸੰਮੇਲਨ ਦੌਰਾਨ ਪ੍ਰਧਾਨ ਮੰਤਰੀ ਮੋਦੀ ਅਤੇ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਰੱਖਿਆ, ਵਪਾਰਕ ਸਬੰਧ, ਨਿਵੇਸ਼ ਸਬੰਧ, ਊਰਜਾ ਸਹਿਯੋਗ, ਸਿੱਖਿਆ, ਸੱਭਿਆਚਾਰ ਅਤੇ ਲੋਕਾਂ ਨਾਲ ਸਬੰਧਾਂ ਸਮੇਤ ਦੁਵੱਲੇ ਮੁੱਦਿਆਂ ਦੀ ਪੂਰੀ ਸ਼੍ਰੇਣੀ ਦੀ ਸਮੀਖਿਆ ਕਰਨਗੇ। ਆਪਣੇ ਆਸਟ੍ਰੀਆ ਦੌਰੇ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ, ਆਸਟ੍ਰੀਆ ਭਾਰਤ ਦਾ ਦ੍ਰਿੜ ਅਤੇ ਭਰੋਸੇਮੰਦ ਭਾਈਵਾਲ ਏ ਅਤੇ

ਦੋਵੇਂ ਦੇਸ਼ ਲੋਕਤੰਤਰ ਤੇ ਬਹੁਲਵਾਦ ਦੇ ਆਦਰਸ਼ਾਂ ਨੂੰ ਸਾਂਝਾ ਕਰਦੇ ਨੇ । ਉਨਾਂ ਕਿਹਾ ਕਿ ਉਹ ਆਪਣੇ ਦੌਰੇ ਦੌਰਾਨ ਰਾਸ਼ਟਰਪਤੀ ਅਲੈਗਜ਼ੈਂਡਰ ਵੈਂਡਰ ਬੇਲੇਨ ਅਤੇ ਚਾਂਸਲਰ ਕਾਰਲ ਨੇਹਮਰ ਨਾਲ ਮੁਲਾਕਾਤ ਕਰਨਗੇ।

---------------------------------------------------------------

***ਨੀਤੀ ਆਯੋਗ ਦੇ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਤੇ ਬਲਾਕਾਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਸੰਪੂਰਨਤਾ ਅਭਿਆਨ ਚਲਾਇਆ ਜਾ ਰਿਹਾ ਏ । ਮੋਗਾ ਜ਼ਿਲੇ ਵਿਚ ਪਿੰਡ ਦੁਨੇਕੇ ਤੋਂ ਅੱਜ ਸੰਪੂਰਨਤਾ ਅਭਿਆਨ ਦੀ ਸ਼ੁਰੂਆਤ ਕੀਤੀ ਗਈ। ਆਜੀਵਿਕਾ ਮਿਸ਼ਨ ਤਹਿਤ ਔਰਤਾਂ ਦੇ ਸਵੈ ਸਹਾਇਤਾ ਸਮੂਹਾਂ ਵੱਲੋਂ ਤਿਆਰ ਸਮਾਨ ਦੀਆਂ ਪ੍ਰਦਰਸ਼ਨੀਆਂ ਲਗਾਈਆਂ ਗਈਆਂ ਅਤੇ ਆਮ ਲੋਕਾਂ ਨੂੰ ਆਮਦਨ ਵਧਾਉਣ ਦੇ ਨੁਕਤਿਆਂ ਬਾਰੇ ਦੱਸਿਆ ਗਿਆ । ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਨੀਤੀ ਆਯੋਗ ਵੱਲੋਂ ਤੈਅ ਵਿਕਾਸ***

*ਦੇ 6 ਪਹਿਲੂਆਂ ਸਿਹਤ, ਪੋਸ਼ਣ, ਖੇਤੀਬਾੜੀ, ਸਿੱਖਿਆ, ਸਮਾਜਿਕ ਤਰੱਕੀ ਆਦਿ ਦੇ ਟੀਚਿਆਂ ਨੂੰ ਪੂਰਾ ਕਰਨ ਲਈ ਇਹ ਸੰਪੂਰਨਤਾ ਅਭਿਆਨ ਚਲਾਇਆ ਜਾ ਰਿਹੈ । ਮੋਗਾ ਜ਼ਿਲੇ ਦੇ ਪਿੰਡ ਦੂਨੇਕੇ ਤੋਂ ਇਸ ਅਭਿਆਨ ਦੀ ਸ਼ੁਰੂਆਤ ਕੀਤੀ ਗਈ । ਉੱਪ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਿਆਲ ਸਿੰਘ ਤੇ ਅਭਿਆਨ ਦੇ ਨੋਡਲ ਅਫਸਰ ਸ਼ਿਵਦੀਪ ਸਿੰਘ ਦੀ ਅਗਵਾਈ ਵਿਚ ਸਰਕਾਰੀ ਹਾਈ ਸਕੂਲ ਦੁੱਨੇਕੇ ਦੇ ਵਿਦਿਆਰਥੀਆਂ ਨੇ ਪਿੰਡ ਵਾਸੀਆਂ ਤਕ ਆਪਣਾ ਸੁਨੇਹਾ ਪਹੁੰਚਾਇਆ । Hold*

*ਸੰਪੂਰਨਤਾ ਅਭਿਆਨ ਤਹਿਤ ਪਿੰਡ ਦੁੱਨੇਕੇ ਵਿਖੇ "ਭੋਂ ਪਰਖ ਕਲੀਨਿਕ ਲੈਬਾਰਟਰੀ" ਦਾ ਰਸਮੀਂ ਉਦਘਾਟਨ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੀਤਾ । ਇਸ ਲਈ ਨੀਤੀ ਅਯੋਗ ਨੇ ਸਵਾ ਕਰੋੜ ਰੁਪਏ ਦੀ ਗ੍ਰਾਂਟ ਦਿੱਤੀ ਏ। ਉਨਾਂ ਕਿਸਾਨਾਂ ਨੂੰ ਲੈਬਾਰਟਰੀ ਦਾ ਲਾਹਾ ਲੈਂਦੀਆਂ ਮਿੱਟੀ ਦੀ ਪਰਖ ਯਕੀਨੀ ਬਣਾਉਣ ਦੀ ਅਪੀਲ ਕੀਤੀ ।*

*Byte*

*ਸੰਪੂਰਨਤਾ ਅਭਿਆਨ ਦੇ ਅਗਲੇ ਪੜ੍ਹਾਅ ਤਹਿਤ ਪਿੰਡ ਘੱਲ ਕਲਾਂ ਦੇ ਨਿੱਜੀ ਕਾਲਜ ਵਿਖੇ ਸਕੂਲੀ ਵਿਦਿਆਰਥੀਆਂ ਨੇ ਕਿਸਾਨਾਂ ਨੂੰ ਜਾਗਰੂਕ ਕਰਨ ਅਤੇ ਧੀਆਂ ਨੂੰ ਮੁੰਡਿਆਂ ਦੇ ਬਰਾਬਰ ਸਮਝ ਕੇ ਉਹਨਾਂ ਨੂੰ ਸਿੱਖਿਅਤ ਕਰਨ ਦਾ ਸੁਨੇਹਾ ਦੇਣ ਵਾਲੇ ਨੁੱਕੜ ਨਾਟਕਾਂ ਦੀ ਪੇਸ਼ਕਾਰੀ ਕੀਤੀ । ਵੱਖ ਵੱਖ ਸਕੀਮਾਂ ਦੇ ਲਾਭਪਾਤਰੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।*

*Byte*

*ਸਹਾਇਕ ਕਮਿਸ਼ਨਰ ਸ਼ੁਭੀ ਆਂਗਰਾ ਨੇ ਸੰਪੂਰਨਤਾ ਅਭਿਆਨ ਵਿਚ ਭਾਗ ਲੈਣ ਵਾਲੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਸੰਪੂਰਨਤਾ ਸਰਟੀਫਿਕੇਟ ਨਾਲ ਨਵਾਜਿਆ । ਮੋਗਾ ਤੋਂ ਊਸ਼ਾ ਕੌਰ ਜਸ਼ਨ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ*

---------------------------------------------------

ਅੰਮ੍ਰਿਤਸਰ ਜ਼ਿਲੇ ਵਿਚ ਸੰਪੂਰਨਤਾ ਅਭਿਆਨ ਦਾ ਦੂਜਾ ਲਾਂਚ ਈਵੈਂਟ ਹਰਸ਼ਾ ਛੀਨਾ ਬਲਾਕ ਵਿਖੇ ਅੱਜ ਆਯੋਜਿਤ ਕੀਤਾ ਗਿਆ। ਸਮਾਗਮ ਦੇ ਨੋਡਲ ਅਫਸਰ ਤੇ ਸਹਾਇਕ ਕਮਿਸ਼ਨਰ ਸੋਨਮ ਅਤੇ ਨੀਤੀ ਆਯੋਗ ਦੇ

ਅਧਿਕਾਰੀ ਵੀ ਇਸ ਦਾ ਹਿੱਸਾ ਬਣੇ। ਡਿਪਟੀ ਈ ਐਸ ਏ ਕੰਵਲਜੀਤ ਕੌਰ ਨੇ ਦੱਸਿਆ ਕਿ ਪੇਂਡੂ ਤੇ ਪਛੜੇ ਖੇਤਰਾਂ ਦੇ ਸਰਵਪੱਖੀ ਵਿਕਾਸ ਲਈ, ਪ੍ਰਸ਼ਾਸਨ ਸਰਗਰਮੀ ਨਾਲ ਕੰਮ ਕਰ ਰਿਹਾ ਏ ਅਤੇ ਇਹ ਯਕੀਨੀ ਬਣਾ ਰਿਹਾ ਏ ਕਿ ਸਰਕਾਰੀ ਸਕੀਮਾਂ ਸਮਾਜ ਦੇ ਸਾਰੇ ਵਰਗਾਂ ਤੱਕ ਆਸਾਨੀ ਨਾਲ ਪੁੱਜਣ। ਸਹਾਇਕ ਕਮਿਸ਼ਨਰ ਸੋਨਮ ਨੇ ਲੋਕਾਂ ਨੂੰ ਅੱਗੇ ਆਉਣ ਅਤੇ ਸਮਾਜਿਕ ਮੁੱਦਿਆਂ ਨੂੰ ਖਤਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬੀ. ਪੀ, ਅਤੇ ਸ਼ੂਗਰ ਦੀ ਜਾਂਚ ਲਈ ਮੈਡੀਕਲ ਕੈਂਪ ਲਗਾਇਆ ਗਿਆ।

---------------------------------------------------------------

ਜਲੰਧਰ ਪੱਛਮੀ ਰਾਖਵੇਂ ਹਲਕੇ ਦੀ ਜ਼ਿਮਨੀ ਚੋਣ ਲਈ ਪਿਛਲੇ ਦਿਨਾਂ ਵਿਚ ਹੋਇਆ ਭਖਵਾਂ ਖੁੱਲ੍ਹੇ ਆਮ ਚੋਣ ਪ੍ਰਚਾਰ ਅੱਜ ਸ਼ਾਮ 6 ਵਜੇ ਬੰਦ ਹੋ ਗਿਆ ਏ। ਵੋਟਾਂ ਦਸ ਜੁਲਾਈ ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਪੈਣਗੀਆਂ ਅਤੇ ਗਿਣਤੀ 13 ਜੁਲਾਈ ਨੂੰ ਕੀਤੀ ਜਾਵੇਗੀ। ਭਾਰਤ ਚੋਣ ਕਮਿਸ਼ਨ ਦੇ ਦਿਸ਼ਾ - ਨਿਰਦੇਸ਼ਾਂ ਅਨੁਸਾਰ ਚੋਣਾਂ ਤੋਂ ਪਹਿਲਾਂ ਆਖਰੀ 48 ਘੰਟਿਆਂ ਦੌਰਾਨ 4 ਵਿਅਕਤੀਆਂ ਵੱਲੋਂ ਸਿਰਫ਼ ਘਰ - ਘਰ

ਪ੍ਰਚਾਰ ਕਰਨ ਦੀ ਇਜਾਜ਼ਤ ਹੋਵੇਗੀ ਅਤੇ ਜਨਤਕ ਮੀਟਿੰਗ ਵੀ ਪੰਜ ਤੋਂ ਵੱਧ ਵਿਅਕਤੀਆਂ ਨਾਲ ਨਹੀਂ ਕੀਤੀ ਜਾਵੇਗੀ। ਸਾਰੇ ਸਿਆਸੀ ਆਗੂਆਂ ਤੇ ਪਾਰਟੀ ਵਰਕਰਾਂ ਜਿਹੜੇ ਕਿ ਹਲਕੇ ਦੇ ਵਸਨੀਕ ਨਹੀਂ ਨੇ, ਨੂੰ ਅੱਜ ਸ਼ਾਮ 6 ਵਜੇ ਤੋਂ ਪਹਿਲਾਂ ਵਿਧਾਨ ਸਭਾ ਹਲਕਾ ਛੱਡਣਾ ਹੋਵੇਗਾ। ਹਲਕੇ ਵਿੱਚ ਮੌਜੂਦ ਵੱਖ ਵੱਖ ਪਾਰਟੀਆਂ ਦੇ ਬਾਹਰੀ ਆਗੂਆਂ ਨੂੰ ਵੀ ਹਲਕੇ ਤੋਂ ਬਾਹਰ ਜਾਣਾ ਪਵੇਗਾ । ਹਲਕੇ ਵਿਚ ਵੋਟਰਾਂ ਦੀ ਕੁੱਲ ਗਿਣਤੀ 1 ਲੱਖ 72 ਹਜ਼ਾਰ 20 ਏ, ਜਿਸਵਿੱਚ 82 ਹਜ਼ਾਰ 327 ਮਹਿ ਲਾ ਅਤੇ 89 ਹਜ਼ਾਰ 685 ਮਰਦ ਵੋਟਰ ਸ਼ਾਮਲ ਨੇ । ਇਸ ਤੋਂ ਇਲਾਵਾ 18-19 ਸਾਲ ਦੇ ਨੌਜਵਾਨ ਵੋਟਰਾਂ ਦੀ ਗਿਣਤੀ 5005 ਏ ਜਦਕਿ 873 ਦਿਵਿਆਂਗ ਵੋਟਰ ਅਤੇ 85 ਸਾਲ ਤੋਂ ਵੱਧ ਉਮਰ ਦੇ 746 ਵੋਟਰ ਨੇ। ਹਲਕੇ ਵਿੱਚ ਕੁੱਲ 181 ਪੋਲਿੰਗ ਸਟੇਸ਼ਨ ਸਥਾਪਤ ਕੀਤੇ ਗਏ ਨੇ।

-----------------------------------------------------------

ਇਸ ਦੌਰਾਨ ਵੋਟਰਾਂ ਵੱਲੋਂ ਜ਼ਿਮਨੀ ਚੋਣ ਲਈ ਆਪਣੀ ਵੋਟ ਪਾਉਣ ਵੇਲੇ ਖੱਬੇ ਹੱਥ ਦੀ ਪਹਿਲੀ ਉਂਗਲ ਦੀ ਥਾਂ ਵਿਚਕਾਰਲੀ ਉਂਗਲ 'ਤੇ ਸਿਆਹੀ

ਲਗਾਈ ਜਾਵੇਗੀ । ਹਾਲ ਹੀ ਵਿੱਚ ਹੋਈਆਂ ਲੋਕ ਸਭਾ ਚੋਣਾਂ ਕਰਕੇ ਵੋਟਰਾਂ ਵਿੱਚ ਦੁਚਿੱਤੀ ਪੈਦਾ ਹੋਣ ਦੇ ਖ਼ਦਸ਼ੇ ਦੀ ਸੰਭਾਵਨਾ ਦੇ ਮੱਦੇਨਜਰ ਇਹ ਤਬਦੀਲੀ ਕੀਤੀ ਗਈ ਏ, ਜਿਸ ਵਿੱਚ ਹੱਥ ਦੀ ਪਹਿਲੀ ਉਂਗਲ ’ਤੇ ਪਹਿਲਾਂ ਹੀ ਸਿਆਹੀ ਦਾ ਨਿਸ਼ਾਨ ਲਗਾਇਆ ਗਿਆ ਸੀ । ਜ਼ਿਲਾ ਚੋਣ ਅਧਿਕਾਰੀ ਡਾਕਟਰ ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਚੋਣ ਕਮਿਸ਼ਨ ਨੇ ਇਸ ਉਲਝਣ ਨੂੰ ਦੂਰ ਕਰਨ ਲਈ ਨਵੇਂ ਨਿਰਦੇਸ਼ ਜਾਰੀ ਕਰਦਿਆਂ ਸਪੱਸ਼ਟ ਕੀਤਾ ਏ ਕਿ ਜ਼ਿਮਨੀ ਚੋਣ ਦੌਰਾਨ ਵੋਟ ਪਾਉਣ ਵੇਲੇ ਖੱਬੇ ਹੱਥ ਦੀ ਵਿਚਕਾਰਲੀ ਉਂਗਲ 'ਤੇ ਸਿਆਹੀ ਲਗਾਈ ਜਾਵੇਗੀ । ਉਨਾਂ ਕਿਹਾ ਕਿ ਵੋਟਿੰਗ ਪ੍ਰਕਿਰਿਆ ਨਿਰਵਿਘਨ ਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਅਤੇ ਅਤੇ ਵੋਟਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਤੋਂ ਬਚਾਉਣ ਲਈ ਸਮੂਹ ਪੋਲਿੰਗ ਸਟਾਫ਼ ਨੂੰ ਇਨ੍ਹਾਂ ਨਵੀਆਂ ਹਦਾਇਤਾਂ ਦੀ ਪਾਲਣਾ ਕਰਨ ਲਈ ਪਹਿਲਾਂ ਹੀ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਨੇ । ਉਨਾਂ ਕਿਹਾ ਕਿ ਪ੍ਰਸ਼ਾਸਨ ਹਰ ਕਿਸੇ ਲਈ ਵੋਟਿੰਗ ਅਨੁਭਵ ਸੁਖਾਵਾਂ ਬਣਾਉਣ ਲਈ ਵਚਨਬੱਧ ਏ ।

---

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਖਰੜ ਦੇ ਇੱਕ ਫਲੈਟ ਤੋਂ ਇੱਕ ਅੰਤਰਰਾਜੀ ਸੰਗਠਿਤ ਅਪਰਾਧ ਸਿੰਡੀਕੇਟ ਦੇ ਸਰਗਨੇ ਨੂੰ ਉਸਦੇ ਚਾਰ ਸਾਥੀਆਂ ਸਮੇਤ ਗ੍ਰਿਫਤਾਰ ਕੀਤਾ ਏ । ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਦੇ ਸਰਗਨੇ ਦੀ ਪਛਾਣ ਅੰਮ੍ਰਿਤਸਰ ਦੇ ਪ੍ਰੇਮ ਨਗਰ ਦੇ ਰਹਿਣ ਵਾਲੇ ਜੈ ਸ਼ਰਮਾ ਉਰਫ ਸੁੱਖਾ ਪਿਸਤੌਲ ਅੰਬਰਸਰੀਆ ਵਜੋਂ ਹੋਈ ਏ। ਪੁਲਿਸ ਨੇ ਇਨ੍ਹਾਂ ਦੇ ਕਬਜ਼ੇ 'ਚੋਂ ਦੋ ਪਵਾਇੰਟ 32 ਬੋਰ ਦੇ ਪਿਸਤੌਲ ਸਮੇਤ ਤਿੰਨ ਮੈਗਜ਼ੀਨ ਅਤੇ ਅੱਠ ਜਿੰਦਾ ਕਾਰਤੂਸ ਬਰਾਮਦ ਕੀਤੇ ਨੇ। ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮ ਸੁੱਖਾ ਪਿਸਤੌਲ ਵੱਲੋਂ ਆਪਣੇ ਸਾਥੀਆਂ ਸਮੇਤ ਮੱਧ ਪ੍ਰਦੇਸ਼ ਦੇ ਖੰਡਵਾ ਵਿਖੇ ਨਜਾਇਜ਼ ਹਥਿਆਰਾਂ ਦੀ ਖਰੀਦੋ-ਫਰੋਖਤ ਕਰਨ ਜਾਣ ਸਬੰਧੀ ਮਿਲੀ ਭਰੋਸੇਯੋਗ ਸੂਚਨਾ ਤੋਂ ਬਾਅਦ ਪੁਲਿਸ ਟੀਮਾਂ ਨੇ ਉਨ੍ਹਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਮੱਧ ਪ੍ਰਦੇਸ਼ ਤੋਂ ਵਾਪਸ ਆਉਣ 'ਤੇ ਖਰੜ ਵਿੱਚ ਉਨ੍ਹਾਂ ਦੇ ਟਿਕਾਣੇ ਦਾ ਪਤਾ ਲਗਾ ਲਿਆ।

--------------------------------------------------

ਬਰਨਾਲਾ ਜ਼ਿਲੇ ਨੂੰ ਹਰਾ - ਭਰਾ ਬਣਾਉਣ ਲਈ ਵਿਭਾਗਾਂ ਨੂੰ ਪੌਦਿਆਂ ਦੀ ਵੰਡ ਕਰਨ ਵਾਸਤੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ ਵੱਖ ਵਿਭਾਗਾਂ ਨਾਲ ਮੀਟਿੰਗ ਕੀਤੀ । ਉਨ੍ਹਾਂ ਦੱਸਿਆ ਕਿ ਜ਼ਿਲੇ ਨੂੰ ਮੌਜੂਦਾ ਮੌਨਸੂਨ ਸੀਜ਼ਨ ਵਿੱਚ ਕਰੀਬ 5 ਲੱਖ ਪੌਦੇ ਲਾਉਣ ਦਾ ਟੀਚਾ ਮਿਲਿਆ ਏ ਪਰ ਜ਼ਿਲ੍ਹੇ ਵਿੱਚ ਟੀਚੇ ਤੋਂ ਵੱਧ ਪੌਦੇ ਲਾਏ ਜਾਣਗੇ । ਉਨ੍ਹਾਂ ਸਕੂਲ ਸਿੱਖਿਆ ਵਿਭਾਗ ਨੂੰ ਸਕੂਲਾਂ, ਨਗਰ ਕੌਂਸਲ ਨੂੰ ਆਪਣੀ ਹਦੂਦ ਵਿੱਚ ਅਤੇ ਪੇਂਡੂ ਵਿਕਾਸ ਵਿਭਾਗ ਨੂੰ ਪਿੰਡਾਂ ਵਿੱਚ ਵੱਡੇ ਪੱਧਰ 'ਤੇ ਪੌਦੇ ਲਾਉਣ ਲਾਉਣ ਦੀ ਹਦਾਇਤ ਕੀਤੀ । ਉਨ੍ਹਾਂ ਕਿਹਾ ਕਿ ਹਰ ਇੱਕ ਬੂਟੇ ਦੀ ਜੀਓ ਟੈਗਿੰਗ ਕੀਤੀ ਜਾਵੇਗੀ ਤਾਂ ਜੋ ਪੌਦਿਆਂ ਦੀ ਮਗਰੋਂ ਸੰਭਾਲ ਵੀ ਹੋਵੇ ।

--------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਪੀ. ਏ. ਯੂ. ਲੁਧਿਆਣਾ ਦੇ ਡਾਇੰਮਡ ਜੁਬਲੀ ਵਰ੍ਹੇ ਦੌਰਾਨ ਯੂਨੀਵਰਸਿਟੀ ਵੱਲੋਂ ਕਲੀਨ ਅਤੇ ਗਰੀਨ ਮੁਹਿੰਮ ਵਜੋਂ ਹੁਣ ਇਕ ਮਹੀਨੇ ਤੱਕ ਰੁੱਖ ਲਾਉਣ ਦੀ ਮੁਹਿੰਮ ਚਲਾਈ ਗਈ

ਏ। ਇਹ ਕਾਰਜ ਜੁਲਾਈ ਮਹੀਨੇ ਦੇ ਪਹਿਲੇ ਹਫਤੇ ਮਨਾਏ ਜਾਣ ਵਾਲੇ ਵਣ ਮਹਾਂਉਤਸਵ ਨਾਲ ਜੋੜਿਆ ਗਿਆ ਏ ਤਾਂ ਜੋ ਵਾਤਾਵਰਨ ਪ੍ਰਤੀ ਜਾਗਰੂਕਤਾ ਅਤੇ ਹਰਿਆਲੀ ਮੁਹਿੰਮ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਇਸੇ ਕਾਰਜ ਮੁਤਾਬਿਕ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਰੁੱਖ ਲਾਉਣ ਦੀ ਮਹਤੱਤਾ ਬਾਰੇ ਗੱਲ ਕੀਤੀ। ਉਨਾਂ ਕਿਹਾ ਕਿ ਰੁੱਖਾਂ ਤੋਂ ਬਗੈਰ ਮਨੁੱਖ ਦਾ ਭਵਿੱਖ, ਉਸਦੀਆਂ ਜਰੂਰਤਾਂ ਅਤੇ ਭੋਜਨ ਅਸੰਭਵ ਹੋਵੇਗਾ। ਉਨਾਂ ਖੇਤੀ ਉਤਪਾਦਨ ਦੇ ਨਾਲ - ਨਾਲ ਆਲੇ - ਦੁਆਲੇ ਰੁੱਖ ਲਾਉਣ ਦੀ ਜਰੂਰਤ ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਮੌਜੂਦਾ ਮਾਨਸੂਨ ਰੁੱਤ ਵਿਚ ਪੀ.ਏ.ਯੂ. ਨੇ 15 ਹਜ਼ਾਰ ਰੁੱਖ ਲਾਉਣ ਦਾ ਟੀਚਾ ਰੱਖਿਆ ਏ।

---------------------------------------------------------------

ਭਾਰਤੀ ਫ਼ੌਜ ਦੇ ਭਰਤੀ ਬੋਰਡ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ 16 ਤੋਂ 23 ਜੁਲਾਈ ਤੱਕ ਪੰਜਾਬ ਦੀ ਪਹਿਲੀ ਅਗਨੀਵੀਰ ਭਰਤੀ ਕਰਵਾਈ ਜਾ ਰਹੀ ਏ। ਇਸ ਭਰਤੀ ਰੈਲੀ

ਵਿੱਚ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ, ਅਗਨੀਵੀਰ ਕਲਰਕ/ਸਟੋਰ ਕੀਪਰ ਅਤੇ ਅਗਨੀਵੀਰ ਟਰੇਡਸਮੈਨ 10ਵੀਂ ਤੇ 8ਵੀਂ ਭਰਤੀ ਕੀਤੇ ਜਾਣਗੇ। ਭਰਤੀ ਬੋਰਡ ਅੰਮ੍ਰਿਤਸਰ ਦੇ ਡਾਇਰੈਕਟਰ ਕਰਨਲ ਚੇਤਨ ਪਾਂਡੇ ਨੇ ਦੱਸਿਆ ਕਿ ਰੈਲੀ ਵਿੱਚ ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਉਮੀਦਵਾਰ ਜਿਹੜੇ ਭਰਤੀ ਪ੍ਰਕ੍ਰਿਆ ਦੇ ਪਹਿਲੇ ਪੜਾਅ ਵਿੱਚ ਕਾਮਯਾਬ ਹੋਏ ਨੇ, ਉਨ੍ਹਾਂ ਦੀ ਫਿਜ਼ੀਕਲ ਤੇ ਮੈਡੀਕਲ ਫਿਟਨੈੱਸ ਦੇ ਨਾਲ - ਨਾਲ ਡਾਕੂਮੈਂਟੇਸ਼ਨ ਦੀ ਸਕਰੀਨਿੰਗ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਚੁਣੇ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਰਜਿਸਟਰਡ ਈ - ਮੇਲ ਆਈ.ਡੀ.ਤੇ ਐਡਮਿਟ ਕਾਰਡ ਮੇਲ ਕਰ ਦਿੱਤੇ ਗਏ ਨੇ ਅਤੇ ਜੇਕਰ ਕਿਸੇ ਨੂੰ ਐਡਮਿਟ ਕਾਰਡ ਡਾਊਨਲੋਡ ਕਰਨ ਵਿੱਚ ਮੁਸ਼ਕਲ ਆ ਰਹੀ ਏ ਤਾਂ ਉਹ ਭਰਤੀ ਦਫ਼ਤਰ ਨਾਲ ਸੰਪਰਕ ਕਰ ਸਕਦਾ ਏ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਰੂਸ ਅਤੇ ਆਸਟ੍ਰੀਆ ਦੇ ਤਿੰਨ ਦਿਨਾਂ ਸਰਕਾਰੀ ਦੌਰੇ 'ਤੇ, ਅੱਜ ਸ਼ਾਮ ਮਾਸਕੋ ਪਹੁੰਚ ਗਏ

ਨੇ, ਮਾਸਕੋ ਹਵਾਈ ਅੱਡੇ 'ਤੇ ਉਨ੍ਹਾਂ ਨੂੰ, 'ਗਾਰਡ ਆਫ ਆਨਰ' ਦਿੱਤਾ ਗਿਆ ।

- ਨੀਤੀ ਆਯੋਗ ਦੇ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਮੋਗਾ ਤੇ ਅੰਮ੍ਰਿਤਸਰ ਜ਼ਿਲਿਆਂ ਵਿਚ ਸੰਪੂਰਨਤਾ ਅਭਿਆਨ ਸਮਾਗਮ ਕਰਵਾਏ ਗਏ ।
- ਜਲੰਧਰ ਪੱਛਮੀ ਰਾਖਵੇਂ ਹਲਕੇ ਦੀ ਜ਼ਿਮਨੀ ਚੋਣ ਲਈ, ਭਖਵਾਂ ਖੁੱਲ੍ਹੇ ਆਮ ਚੋਣ ਪ੍ਰਚਾਰ ਅੱਜ ਸ਼ਾਮ ਬੰਦ ਹੋ ਗਿਆ ਏ ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ, ਖਰੜ ਦੇ ਇੱਕ ਫਲੈਟ ਤੋਂ ਇੱਕ ਅੰਤਰ-ਰਾਜੀ ਸੰਗਠਿਤ ਅਪਰਾਧ ਸਿੰਡੀਕੇਟ ਦੇ ਸਰਗਨੇ ਨੂੰ, ਉਸਦੇ ਚਾਰ ਸਾਥੀਆਂ ਸਮੇਤ ਗ੍ਰਿਫਤਾਰ ਕੀਤਾ ।